# ਲੇਬਰ ਕਲੋਨੀ ਵਿੱਚ ਮੈਡੀਕਲ ਕੈਂਪ ਲਾਇਆ

ਪੱਤਰ ਪ੍ਰੇਰਕ

ਮਾਨਸਾ, 27 ਫਰਵਰੀ

ਪਿੰਡ ਬਣਾਂਵਾਲੀ ਵਿਖੇ ਵੇਦਾਂਤਾ ਗਰੁੱਪ ਤਲਵੰਡੀ ਸਾਬੋ ਪਾਵਰ ਲਿਮਿਟਡ ਕੰਪਨੀ ਵੱਲੋਂ ਆਦੇਸ਼ ਮੈਡੀਕਲ ਹਸਪਤਾਲ ਦੇ ਸਹਿਯੋਗ ਨਾਲ ਪੈਟਰੋਨ ਲੇਬਰ ਕਲੋਨੀ ਵਿਖੇ ਮੈਡੀਕਲ ਕੈਂਪ ਲਾਇਆ ਗਿਆ। ਇਸ ਦੌਰਾਨ 131 ਮਰੀਜ਼ਾਂ ਦਾ ਮੁਆਇਨਾ ਕਰਕੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ।

ਇਸ ਮੌਕੇ ਜਾਣਕਾਰੀ ਦਿੰਦੇ ਹੋਏ ਕੰਪਨੀ ਦੇ ਬੁਲਾਰੇ ਕਮਾਂਡਰ ਪੀ.ਸੀ ਦਾਸ ਨੇ ਦੱਸਿਆ ਕਿ ਹਰ ਐਤਵਾਰ ਬਣਾਂਵਾਲੀ ਥਰਮਲ 'ਚ ਕੰਮ ਕਰਦੇ ਮਜ਼ਦੂਰਾਂ ਲਈ ਕੈਂਪ ਲਗਾਏ ਜਾਂਦੇ ਹਨ। ਕੈਂਪ ਦੌਰਾਨ ਮਰੀਜ਼ਾਂ ਦੀ ਜਾਂਚ ਕਰ ਰਹੇ ਡਾਕਟਰ ਸੁਮਨਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋ ਮਜ਼ਦੂਰਾਂ ਦੀ ਬਿਮਾਰੀਆਂ ਦਾ ਹਰ ਪ੍ਰਕਾਰ ਦਾ ਇਲਾਜ ਕੀਤਾ ਜਾਂਦਾ ਹੈ ਤੇ ਕੰਪਨੀ ਦੇ ਸਹਿਯੋਗ ਨਾਲ ਮਰੀਜ਼ਾਂ ਦੀ ਜਾਂਚ ਕਰਕੇ ਦਵਾਈਆਂ ਮੁਹੱਈਆ ਕਰਵਾਈਆਂ ਹਨ। ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ ਉਨ੍ਹਾਂ 131 ਮਰੀਜ਼ਾਂ ਦਾ ਚੈਕਅੱਪ ਕਰਕੇ ਦਵਾਈਆਂ ਦਿੱਤੀਆਂ ਹਨ। ਇਸ ਮੌਕੇ ਲਖਵੀਰ ਸਿੰਘ, ਆਰ ਸੀ ਜੇ ਐਚ ਏ ਤੇ ਡਾਕਟਰਾਂ ਦੀ ਟੀਮ ਵਿੱਚ ਕਰਮਜੀਤ ਸਿੰਘ, ਸਤਿਨਾਮ ਕੌਰ, ਤਰਨਦੀਪ ਕੌਰ, ਮਨਪ੍ਰੀਤ ਕੌਰ ਨੇ ਵੀ ਸੰਬੋਧਨ ਕੀਤਾ।



ਮੈਡੀਕਲ ਕੈਂਪ ਦੌਰਾਨ ਮਰੀਜ਼ਾਂ ਦਾ ਮੁਆਇਨਾ ਕਰਦੇ ਹੋਏ ਡਾਕਟਰ (ਫੋਟੋ ਮਾਨ)